ਪਟਿਆਲਾ
ਅਜੀਤ, ਚੰਡੀਗੜ੍ਹ
ਅਜੀਤ
ਬੁੱਧਵਾਰ, 29 ਅਕਤੂਬਰ 2025

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ **ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

ਮੁੱਖ ਵਾਕ ਦੀ ਕਥਾ : **29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ** ਮੁੱਖ ਵਾਕ ਦੀ ਕਥਾ ਕਰਨਗੇ।

ਪਟਿਆਲਾ ਦੇ ਪੀ.ਡਬਲਿਊ.ਡੀ. ਵਿਖੇ ਛੱਠ ਪੂਜਾ 'ਚ ਹਿੱਸਾ ਲੈਂਦੇ ਹੋਏ ਦਿਹਾਤੀ ਵਿਧਾਨ ਸਭਾ ਹਲਕੇ ਤੋਂ ਭਾਜਪਾ ਆਗੂ ਗੁਰਜੀਤ ਸਿੰਘ ਕੋਹਲੀ ਤੇ ਹੋਰ। ਅਜੀਤ ਤਸਵੀਰ

ਗੁਰਜੀਤ ਸਿੰਘ ਕੋਹਲੀ ਨੇ ਛੱਠ ਪੂਜਾ 'ਚ ਲਿਆ ਹਿੱਸਾ

ਪਟਿਆਲਾ, 28 ਅਕਤੂਬਰ (ਅ.ਸ. ਆਹਲੂਵਾਲੀਆ)-ਪਟਿਆਲਾ ਦਿਹਾਤੀ ਵਿਧਾਨ ਸਭਾ ਹਲਕੇ ਤੋਂ ਭਾਜਪਾ ਆਗੂ ਗੁਰਜੀਤ ਸਿੰਘ ਕੋਹਲੀ ਨੇ ਇਥੋਂ ਦੇ ਪੀ.ਐਲ.ਡਬਲਿਊ ਪਾਰਕ ਵਿਖੇ ਆਯੋਜਿਤ ਛੱਠ ਪੂਜਾ ਸਮਾਰੋਹ 'ਚ ਹਿੱਸਾ ਲਿਆ। ਬਿਹਾਰ ਜਨ ਕਲਿਆਣ ਸਮਿਤੀ ਦੁਆਰਾ ਇਹ ਸਮਾਗਮ ਹਰ ਸਾਲ ਦੀ ਤਰ੍ਹਾਂ ਅਨੁਸ਼ਾਸਿਤ ਅਤੇ ਸ਼ਰਧਾਪੂਰਵਕ ਢੰਗ ਨਾਲ ਆਯੋਜਿਤ ਕੀਤਾ ਗਿਆ। ਇਹ ਸਮਾਗਮ ਡੀ.ਐਮ.ਡਬਲਿਊ ਲੇਕ ਪਾਰਕ ਵਿਖੇ ਲਗਾਤਾਰ 37 ਸਾਲਾਂ ਤੋਂ ਸਫਲਤਾਪੂਰਵਕ ਮਨਾਇਆ ਜਾ ਰਿਹਾ ਹੈ। ਗੁਰਜੀਤ ਸਿੰਘ ਕੋਹਲੀ ਨੇ ਭਗਵਾਨ ਸੂਰਜ ਅਤੇ ਛੱਠ ਮਈਆ ਦੇ ਚਰਨਾਂ ਵਿਚ ਅਰਦਾਸ ਕਰਦੇ ਹੋਏ ਸਾਰਿਆਂ ਦੀ ਭਲਾਈ, ਖੁਸ਼ੀ, ਸ਼ਾਂਤੀ ਅਤੇ ਖ਼ੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਬਿਹਾਰ ਜਨ ਕਲਿਆਣ ਸਮਿਤੀ ਦੇ ਮੁੱਖ ਅਧਿਕਾਰੀ ਤੋਂ ਇਲਾਵਾ ਏ.ਕੇ. ਸਿੰਘ, ਦੇਵੋ ਪ੍ਰਕਾਸ਼ ਸਿੰਘ, ਸੰਜੇ ਕੁਮਾਰ, ਟੀ.ਐਨ. ਪਾਂਡੇ, ਨਵਲ ਕਿਸ਼ੋਰ ਸਿੰਘ, ਸੁਰੇਸ਼ ਉਪਾਧਿਆਏ, ਰਾਜੇਸ਼ ਕੁਮਾਰ, ਸ਼ਿਵਚਰਨ ਰਾਏ, ਦਲੀਪ ਸਿੰਘ ਬੁਚੜਾ ਅਤੇ ਵਿਨੋਦ ਕੁਮਾਰ ਨੇ ਵੀ ਆਪਣੀ ਮੌਜੂਦਗੀ ਨਾਲ ਸਮਾਗਮ ਦੀ ਸ਼ੋਭਾ ਵਧਾਈ। ਛੱਠ ਪੂਜਾ ਦੌਰਾਨ ਮੌਜੂਦ ਵੱਡੀ ਭੀੜ ਨੇ ਸਮਾਜਿਕ ਏਕਤਾ, ਸਭਿਆਚਾਰਕ ਸਦਭਾਵਨਾ ਅਤੇ ਭਗਤੀ ਭਰੇ ਮਾਹੌਲ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਨਾਭਾ ਰੋਡ ਕਿਸ਼ਨਾ ਕਾਲੋਨੀ ਅਬਲੋਵਾਲ 'ਚ ਲਗਾਏ ਅੱਖਾਂ ਦੇ ਕੈਂਪ ਦੌਰਾਨ। ਅਜੀਤ ਤਸਵੀਰ

ਯੰਗ ਬੀਟਸ ਕਲੱਬ ਵਲੋਂ ਲਗਾਇਆ ਅੱਖਾਂ ਦਾ ਕੈਂਪ

ਪਟਿਆਲਾ, 28 ਅਕਤੂਬਰ (ਮਨਦੀਪ ਸਿੰਘ ਖਰੌੜ)-ਯੰਗ ਬੀਟਸ ਕਲੱਬ ਪਟਿਆਲਾ ਵਲੋਂ ਨਾਭਾ ਰੋਡ ਕਿਸ਼ਨਾ ਕਾਲੋਨੀ ਅਬਲੋਵਾਲ 'ਚ ਅੱਖਾਂ ਦਾ ਮੁਫ਼ਤ ਕੈਂਪ ਲਗਾਇਆ ਗਿਆ। ਇਸ ਮੌਕੇ ਸਿਹਤ ਮੰਤਰੀ ਪੰਜਾਬ ਡਾਕਟਰ ਬਲਬੀਰ ਸਿੰਘ ਦੇ ਮੀਡੀਆ ਸਲਾਹਕਾਰ ਕੋਆਰਡੀਨੇਟਰ ਚਰਨਜੀਤ ਸਿੰਘ ਖੁਰਾਣਾ ਮੁਖ ਮਹਿਮਾਨ ਵਜੋਂ ਸ਼ਾਮਿਲ ਹੋਏ। ਜਿਨ੍ਹਾਂ ਦਾ ਕਲੱਬ ਦੇ ਪ੍ਰਧਾਨ ਹਰਵਿੰਦਰ ਸਿੰਘ ਹਨੀ ਅਤੇ ਉਨ੍ਹਾਂ ਦੀ ਟੀਮ ਨੇ ਸਰੋਪਾ ਪਾ ਕੇ ਸਵਾਗਤ ਕੀਤਾ ਅਤੇ ਜੀ ਆਇਆਂ ਆਖਿਆ। ਇਸ ਮੌਕੇ ਕਲੱਬ ਦੇ ਪ੍ਰਧਾਨ ਹਰਵਿੰਦਰ ਸਿੰਘ ਹਨੀ ਨੇ ਦੱਸਿਆ ਕਿ ਕੈਂਪ ਵਿਚ ਫਿਜੀਓਥਰੈਪੀ, ਸ਼ੂਗਰ, ਔਰਤਾਂ ਦੇ ਰੋਗ ਅਤੇ ਥਾਇਰਾਇਡ ਰੋਗ ਸੰਬੰਧੀ ਵੀ ਮਰੀਜ਼ਾਂ ਨੂੰ ਚੈੱਕ ਕੀਤਾ ਗਿਆ ਅਤੇ ਸੀਨੀਅਰ ਮੀਤ ਪ੍ਰਧਾਨ ਅਰਵਿੰਦਰ ਸਿੰਘ, ਜਸਬੀਰ ਸਿੰਘ ਸੋਸ਼ਲ ਵਿੰਗ ਇੰਚਾਰਜ, ਰਘਵੀਰ ਸਿੰਘ ਜਨਰਲ ਸਕੱਤਰ, ਗੁਰਪ੍ਰੀਤ ਸਿੰਘ ਤੋਂ ਇਲਾਵਾ ਡਾਕਟਰ ਜੁਬਾਂ ਸਪਰਾ ਔਰਤਾਂ ਅਤੇ ਸ਼ੂਗਰ ਦੇ ਮਾਹਿਰ, ਡਾਕਟਰ ਤਲਵਿੰਦਰ ਕੌਰ ਅੱਖਾਂ ਦੇ ਮਾਹਿਰ, ਡਾਕਟਰ ਪਲਕ ਬੰਸਲ ਫਿਜੀਓਥਰਪਿਸਟ ਨੇ ਆਪਣੀ ਡਿਊਟੀ ਬਾਖੂਬੀ ਨਿਭਾਈ। ਚਰਨਜੀਤ ਸਿੰਘ ਖੁਰਾਣਾ ਨੇ ਇਸ ਮੌਕੇ ਦੱਸਿਆ ਕਿ ਇਹੋ ਜਿਹੇ ਸਮਾਜ ਸੇਵੀ ਕੈਂਪ ਇਕ ਚੰਗੀ ਰਵਾਇਤ ਹੈ ਅਤੇ ਭਵਿੱਖ ਵਿਚ ਵੀ ਇਹੋ ਜਿਹੇ ਕੈਂਪ ਲੱਗਣੇ ਚਾਹੀਦੇ ਹਨ ਅਤੇ ਸਮਾਜਿਕ ਸੰਸਥਾਵਾਂ ਅਜਿਹੇ ਕੰਮਾਂ 'ਚ ਵੱਧ ਚੜ ਕੇ ਯੋਗਦਾਨ ਪਾਉਣਾ ਚਾਹੀਦਾ ਹੈ।

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਨਵੇਂ ਚੁਣੇ ਗਏ ਅਹੁਦੇਦਾਰਾਂ ਦੀ ਤਸਵੀਰ। ਅਜੀਤ ਤਸਵੀਰ

ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀ ਹੋਈ ਚੋਣ

ਦੇਵੀਗੜ੍ਹ, 28 ਅਕਤੂਬਰ (ਰਾਜਿੰਦਰ ਸਿੰਘ ਮੌਜੀ)-ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਦੇ ਮੈਂਬਰ ਤੇਜਿੰਦਰ ਸਿੰਘ ਕਾਲੇਕਾ ਨੇ ਇੱਥੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਪੰਜਾਬ ਸਕੂਲ ਸਿੱਖਿਆ ਬੋਰਡ (ਪੀ.ਐੱਸ.ਈ.ਬੀ.) ਕਰਮਚਾਰੀ ਐਸੋਸੀਏਸ਼ਨ ਦੀ ਚੋਣ ਬੋਰਡ ਦੇ ਮੁੱਖ ਦਫ਼ਤਰ ਵਿਖੇ ਹੋਈ, ਜਿਸ ਦੌਰਾਨ ਸਮੂਹ ਕਰਮਚਾਰੀਆਂ ਵਲੋਂ ਅਹਿਮ ਅਹੁਦਿਆਂ ਲਈ ਚੋਣ ਕੀਤੀ ਗਈ। ਇਸ ਚੋਣ ਪ੍ਰਕਿਰਿਆ ਵਿਚ ਪਰਵਿੰਦਰ ਸਿੰਘ ਖੰਗੂੜਾ ਐਸੋਸੀਏਸ਼ਨ ਦੇ ਨਵੇਂ ਪ੍ਰਧਾਨ ਚੁਣੇ ਗਏ। ਉਨ੍ਹਾਂ ਦੀ ਨਿਯੁਕਤੀ ਨਾਲ ਕਰਮਚਾਰੀਆਂ ਵਿਚ ਖੁਸ਼ੀ ਦੀ ਲਹਿਰ ਦੌੜ ਗਈ। ਇਸੇ ਤਰ੍ਹਾਂ ਜਨਰਲ ਸਕੱਤਰ ਦੇ ਅਹੁਦੇ ਲਈ ਪਰਮਜੀਤ ਸਿੰਘ ਬੈਨੀਪਾਲ ਦੀ ਨਿਯੁਕਤੀ ਵੀ ਕੀਤੀ ਗਈ। ਇਸ ਮੌਕੇ ਗੁਰਜੀਤ ਸਿੰਘ ਬੀਦੋਵਾਲ ਅਤੇ ਹਰਮਨਦੀਪ ਸਿੰਘ ਬੋਪਾਰਾਏ ਨੂੰ ਵੀ ਪ੍ਰਮੁੱਖ ਅਹੁਦਿਆਂ ਦੀ ਜ਼ਿੰਮੇਵਾਰੀ ਸੌਂਪੀ ਗਈ। ਮੈਂਬਰਾਂ ਵਜੋਂ ਤੇਜਿੰਦਰ ਸਿੰਘ ਕਾਲੇਕਾ ਅਤੇ ਰਣਜੀਤ ਸਿੰਘ ਸਮੇਤ ਸਮੂਹ ਬੋਰਡ ਕਰਮਚਾਰੀ ਇਸ ਚੋਣ ਪ੍ਰਕਿਰਿਆ ਦੌਰਾਨ ਹਾਜ਼ਰ ਰਹੇ ਅਤੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ।

ਪਰਵਿੰਦਰ ਸਿੰਘ ਖੰਗੂੜਾ ਪ੍ਰਧਾਨ ਚੁਣੇ

ਐਸੋਸੀਏਸ਼ਨ ਦੇ ਨਵੇਂ ਚੁਣੇ ਗਏ ਪ੍ਰਧਾਨ ਪਰਵਿੰਦਰ ਸਿੰਘ ਖੰਗੂੜਾ ਨੇ ਸਮੂਹ ਕਰਮਚਾਰੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਕਰਮਚਾਰੀਆਂ ਵਲੋਂ ਉਨ੍ਹਾਂ 'ਤੇ ਪ੍ਰਗਟਾਏ ਗਏ ਭਰੋਸੇ ਨੂੰ ਉਹ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ। ਪ੍ਰਧਾਨ ਖੰਗੂੜਾ ਨੇ ਕਿਹਾ, ਮੈਂ ਸਮੂਹ ਕਰਮਚਾਰੀਆਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਉਨ੍ਹਾਂ ਦੇ ਹੱਕਾਂ ਅਤੇ ਮੰਗਾਂ ਲਈ ਸੰਘਰਸ਼ ਕਰਨਾ ਮੇਰੀ ਮੁੱਖ ਤਰਜੀਹ ਰਹੇਗੀ। ਐਸੋਸੀਏਸ਼ਨ ਬੋਰਡ ਪ੍ਰਬੰਧਨ ਨਾਲ ਤਾਲਮੇਲ ਬਣਾ ਕੇ ਕਰਮਚਾਰੀਆਂ ਦੀਆਂ ਸਾਰੀਆਂ ਜਾਇਜ਼ ਸਮੱਸਿਆਵਾਂ ਦਾ ਹੱਲ ਕਰਵਾਏਗੀ। ਸਾਡਾ ਮੁੱਖ ਟੀਚਾ ਬੋਰਡ ਦੇ ਕੰਮਕਾਜ ਨੂੰ ਸੁਚਾਰੂ ਬਣਾਉਣਾ ਅਤੇ ਕਰਮਚਾਰੀਆਂ ਦੇ ਮਾਣ-ਸਨਮਾਨ ਨੂੰ ਬਰਕਰਾਰ ਰੱਖਣਾ ਹੋਵੇਗਾ। ਉਨ੍ਹਾਂ ਨੇ ਨਵੇਂ ਜਨਰਲ ਸਕੱਤਰ ਅਤੇ ਬਾਕੀ ਟੀਮ ਨਾਲ ਮਿਲ ਕੇ ਕੰਮ ਕਰਨ ਦੀ ਪ੍ਰਤੀਬੱਧਤਾ ਵੀ ਦੁਹਰਾਈ। ਇਸ ਸਰਬਸੰਮਤੀ ਨਾਲ ਹੋਈ ਚੋਣ ਨੇ ਐਸੋਸੀਏਸ਼ਨ 'ਚ ਏਕਤਾ ਅਤੇ ਮਜ਼ਬੂਤੀ ਦਾ ਸੰਦੇਸ਼ ਦਿੱਤਾ ਹੈ, ਜਿਸ ਨਾਲ ਆਉਣ ਵਾਲੇ ਸਮੇਂ ਵਿਚ ਕਰਮਚਾਰੀ ਹਿਤਾਂ ਲਈ ਹੋਰ ਬਿਹਤਰ ਕਾਰਜ ਹੋਣ ਦੀ ਉਮੀਦ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪਟਿਆਲਾ ਪਹੁੰਚਣ 'ਤੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਸਨਮਾਨ ਕਰਦੇ ਹੋਏ। ਅਜੀਤ ਤਸਵੀਰ

ਵਿਧਾਇਕ ਕੋਹਲੀ ਨੇ ਮੁੱਖ ਮੰਤਰੀ ਨੂੰ ਪਟਿਆਲਾ 'ਚ ਚੱਲ ਰਹੇ ਵਿਕਾਸ ਕਾਰਜਾਂ ਤੋਂ ਕਰਵਾਇਆ ਜਾਣੂੰ

ਪਟਿਆਲਾ, 28 ਅਕਤੂਬਰ (ਮਨਦੀਪ ਸਿੰਘ ਖਰੌੜ)-ਪਟਿਆਲਾ ਸ਼ਹਿਰੀ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਵਿਚ ਚੱਲ ਰਹੇ ਵਿਕਾਸ ਕਾਰਜਾਂ ਦੀ ਜਾਣਕਾਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਦਿੱਤੀ। ਉਨ੍ਹਾਂ ਕਿਹਾ ਕਿ ਪਟਿਆਲਾ ਵਿਚ ਸੜਕਾਂ ਬਣਾਉਣ ਦਾ ਕੰਮ ਨਵੇਂ ਸਿਰੇ ਤੋਂ ਸ਼ੁਰੂ ਹੋ ਚੁੱਕਾ ਹੈ। ਇਹ ਸਾਰੇ ਕੰਮ ਕਾਜ ਦੀ ਉਹ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨਾਲ ਮਿਲ ਕੇ ਖ਼ੁਦ ਕਰ ਰਹੇ ਹਨ। ਇਸ ਤੋਂ ਇਲਾਵਾ ਸ਼ਹਿਰ ਵਿਚ ਆਵਾਜਾਈ ਦੀ ਬੋਝ ਨੂੰ ਘਟਾਉਣ ਲਈ ਡੇਢ ਕਰੋੜ ਰੁਪਏ ਦੀ ਰਕਮ ਖਰਚ ਕੀਤੀ ਜਾ ਰਹੀ ਹੈ ਤੇ ਨਾਲ ਨਾਲ ਹੀ ਹਰ ਵਾਰਡ ਵਿਚ ਲਟਕੇ ਪਏ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ ਉੱਤੇ ਸਿਰੇ ਚਾੜ੍ਹਨ ਦਾ ਕੰਮ ਸ਼ੁਰੂ ਹੋ ਗਿਆ ਹੈ।

ਵਿਧਾਇਕ ਕੋਹਲੀ ਨੇ ਦੱਸਿਆ ਕਿ ਆਮ ਆਦਮੀ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਸ਼ਹਿਰ ਵਿਚ ਕਈ ਵੱਡੇ ਪ੍ਰੋਜੈਕਟ ਤਾਂ ਚੱਲ ਹੀ ਰਹੇ ਹਨ ਇਸ ਦੇ ਨਾਲ ਛੋਟੇ ਛੋਟੇ ਕਾਰਜਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਕੇ ਪਟਿਆਲਾ ਸ਼ਹਿਰ ਨੂੰ ਸਮਾਰਟ ਸਿਟੀ ਬਣਾਉਣ ਲਈ ਉਹ ਨਿਰੰਤਰ ਕੰਮ ਕਰ ਰਹੇ ਹਨ। ਵਿਧਾਇਕ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਵਲੋਂ ਕਿਹਾ ਗਿਆ ਹੈ ਕਿ ਪਟਿਆਲਾ ਸ਼ਹਿਰ ਦੀ ਵਿਕਾਸ ਕਾਰਜਾਂ ਵਿਚ ਕੋਈ ਕਮੀ ਨਹੀਂ ਆਉਣੀ ਚਾਹੀਦੀ ਅਤੇ ਇਨ੍ਹਾਂ ਸਾਰੇ ਕਾਰਜਾਂ ਨੂੰ ਸਮੇਂ ਸਿਰ ਨੇਪਰੇ ਚਾੜਨਾ ਯਕੀਨੀ ਬਣਾਇਆ ਜਾਵੇਗਾ।

ਜ਼ਿਮਨੀ ਚੋਣ ਦੀਆਂ ਤਿਆਰੀਆਂ ਬਾਰੇ ਜਾਣਕਾਰੀ ਦਿੰਦੇ ਹੋਏ ਭੁਪਿੰਦਰ ਸਿੰਘ ਸ਼ੇਖੂਪੁਰ, ਸੁੱਚਾ ਸਿੰਘ ਛੋਟੇਪੁਰ, ਜਗਜੀਤ ਸਿੰਘ ਕੋਹਲੀ ਅਤੇ ਹੋਰ ਆਗੂ। ਅਜੀਤ ਤਸਵੀਰ

ਭਾਈ ਮਨਦੀਪ ਸਿੰਘ ਖ਼ਾਲਸਾ ਤਰਨ ਤਾਰਨ ਜ਼ਿਮਨੀ ਚੋਣ ਵੱਡੇ ਫ਼ਰਕ ਨਾਲ ਜਿੱਤਣਗੇ-ਭੁਪਿੰਦਰ ਸਿੰਘ ਸ਼ੇਖੂਪੁਰ

ਪਟਿਆਲਾ, 28 ਅਕਤੂਬਰ (ਕੁਲਵੀਰ ਸਿੰਘ ਧਾਲੀਵਾਲ)-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਮੈਂਬਰ ਵਰਕਿੰਗ ਕਮੇਟੀ ਅਤੇ ਬੁਲਾਰੇ ਭੁਪਿੰਦਰ ਸਿੰਘ ਸ਼ੇਖੂਪੁਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਖ਼ਾਲਸਾ ਦੇ ਹੱਕ 'ਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਲੋਂ ਤਰਨ ਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ 'ਚ ਡਿਊਟੀਆਂ ਸਾਂਭ ਲਈਆਂ ਗਈਆਂ ਹਨ ਅਤੇ ਚੋਣ ਪ੍ਰਚਾਰ ਆਰੰਭ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਚੋਣ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਉਮੀਦਵਾਰ ਭਾਈ ਮਨਦੀਪ ਸਿੰਘ ਖ਼ਾਲਸਾ ਵੱਡੇ ਫ਼ਰਕ ਨਾਲ ਜਿੱਤਣਗੇ। ਉਨ੍ਹਾਂ ਕਿਹਾ ਕਿ ਭਾਈ ਮਨਦੀਪ ਸਿੰਘ ਖ਼ਾਲਸਾ ਲੋਕਾਂ ਦੇ ਹਰਮਨ ਪਿਆਰੇ ਉਮੀਦਵਾਰ ਹਨ ਅਤੇ ਲੋਕਾਂ ਵਿੱਚ ਪਾਰਟੀ ਪ੍ਰਤੀ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਮੌਕੇ ਸੁੱਚਾ ਸਿੰਘ ਛੋਟੇਪੁਰ, ਮੈਂਬਰ ਵਰਕਿੰਗ ਕਮੇਟੀ ਦਲਜੀਤ ਸਿੰਘ ਗਿੱਲ, ਬੁਲਾਰਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜਗਜੀਤ ਸਿੰਘ ਕੋਹਲੀ, ਲਖਬੀਰ ਸਿੰਘ ਪੁਨਿਆਰ ਆਦਿ ਮੌਜੂਦ ਸਨ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਕਰਵਾਏ ਜਾਣ ਵਾਲੇ ਸ਼ਤਾਬਦੀ ਸਮਾਗਮ ਸੰਬੰਧੀ ਬੈਠਕ ਤੋਂ ਬਾਅਦ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਰੋਹਟਾ ਸਾਹਿਬ ਦੀ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ। ਤਸਵੀਰ : ਕਰਮਜੀਤ ਸਿੰਘ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਤਾਬਦੀ ਸਮਾਗਮਾਂ ਸੰਬੰਧੀ ਹੋਈ ਅਹਿਮ ਬੈਠਕ

ਨਾਭਾ, 28 ਅਕਤੂਬਰ (ਕਰਮਜੀਤ ਸਿੰਘ)-ਪਾਤਸ਼ਾਹੀ ਨੌਵੀਂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਦੇ 350 ਸਾਲਾ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਪਾਤਸ਼ਾਹੀ ਨੌਵੀਂ ਗੁਰਦੁਆਰਾ ਰੋਹਟਾ ਸਾਹਿਬ ਵਿਖੇ ਪੰਜ ਪਿੰਡਾਂ ਦੀ ਸੰਗਤ ਦੀ ਅਹਿਮ ਬੈਠਕ ਹੋਈ। ਜਿਹਦੇ ਵਿਚ ਇਸ ਸਮਾਗਮ ਨੂੰ ਲੈ ਕੇ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਤਿੰਨ ਦਿਨ ਧਾਰਮਿਕ ਸਮਾਗਮ ਚੱਲਣਗੇ ਅਤੇ ਵਿਸ਼ਾਲ ਨਗਰ ਕੀਰਤਨ ਸਜਾਏ ਜਾਣਗੇ। ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਅਮਰੀਕ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਅਤੇ ਐਸ.ਜੀ.ਪੀ.ਸੀ. ਵਲੋਂ ਵੀ ਇਸ ਸੰਬੰਧੀ ਵੱਡੇ ਪ੍ਰੋਗਰਾਮ ਉਲੀਕੇ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜ ਪਿੰਡਾਂ ਦੀ ਸੰਗਤ ਦਾ ਬਹੁਤ ਵੱਡਾ ਸਹਿਯੋਗ ਇਸ ਸਥਾਨ 'ਤੇ ਰਹਿੰਦਾ ਹੈ ਕਿਉਂਕਿ ਇਸ ਸਥਾਨ ਤੇ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਆਪਣੇ ਪਰਿਵਾਰ ਸਮੇਤ ਦੋ ਰਾਤਾਂ ਤਿੰਨ ਦਿਨ ਰੁਕੇ ਸਨ। ਸਮਾਗਮ ਦੀਆਂ ਤਿਆਰੀਆਂ ਸੰਬੰਧੀ ਵੱਡੇ ਕਾਰਜ ਆ